# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 05-07-2025**

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਤ੍ਰਿਨੀਦਾਦ ਅਤੇ ਟੋਬੈਗੋ ਦੀ ਸਫਲ ਯਾਤਰਾ ਤੋਂ ਬਾਅਦ ਆਪਣੇ ਪੰਜ ਦੇਸ਼ਾਂ ਦੇ ਦੌਰੇ ਦੇ ਤੀਜੇ ਗੇੜ ਲਈ ਪੋਰਟ ਆਫ ਸਪੇਨ ਤੋਂ ਬਿਊਨਸ ਆਇਰਸ ਪਹੁੰਚੇ। ਅਰਜਨਟੀਨਾ ਦੀ ਰਾਜਧਾਨੀ ਪਹੁੰਚਣ 'ਤੇ, ਪ੍ਰਧਾਨ ਮੰਤਰੀ ਮੋਦੀ ਦਾ ਸਵਾਗਤ ਭਾਰਤੀ ਭਾਈਚਾਰੇ ਨੇ ਕਥਕ, ਭਰਤ-ਨਾਟਿਅਮ ਅਤੇ ਓਡੀਸੀ ਦੇ ਵਿਸ਼ੇਸ਼ ਸ਼ਾਸਤਰੀ ਨ੍ਰਿਤ  ਪ੍ਰਦਰਸ਼ਨ ਨਾਲ ਕੀਤਾ। ਸਾਡੇ ਪੱਤਰਕਾਰ ਨੇ ਦਸਿਆ ਏ ਕਿ ਪ੍ਰਧਾਨ ਮੰਤਰੀ ਰਣਨੀਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਅਤੇ ਸਹਿਯੋਗ ਦੇ ਨਵੇਂ ਰਸਤੇ ਖੋਲ੍ਹਣ ਲਈ ਅਰਜਨਟੀਨਾ ਦੇ ਰਾਸ਼ਟਰਪਤੀ ਜੇਵੀਅਰ ਮਾਈਲੀ ਨਾਲ ਗੱਲਬਾਤ ਕਰਨਗੇ।

---------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ

ਡਾ.ਬਲਜੀਤ ਕੌਰ ਦੇ ਤੁਰੰਤ ਦਖਲ ਕਾਰਨ ਸ਼ਹੀਦ ਭਗਤ ਸਿੰਘ ਨਗਰ ਵਿੱਚ, 15 ਸਾਲਾ ਨਾਬਾਲਗ ਲੜਕੀ ਦਾ ਵਿਆਹ ਰੋਕ ਦਿੱਤਾ ਗਿਆ। ਸਰਕਾਰੀ ਸੂਤਰਾਂ ਮੁਤਾਬਿਕ ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਨਾਬਾਲਗ ਲੜਕੀ ਨੇ ਹਿੰਮਤ ਦਿਖਾਈ ਅਤੇ 112 ਹੈਲਪ-ਲਾਈਨ ਨੰਬਰ 'ਤੇ ਫੋਨ ਕਰਕੇ ਆਪਣੀ ਸੁਰੱਖਿਆ ਦੀ ਅਪੀਲ ਕੀਤੀ। ਮਾਮਲੇ ਦੀ ਗੰਭੀਰਤਾ ਨੂੰ ਵੇਖਦੇ ਹੋਏ, ਬੱਚਿਆਂ ਅਤੇ ਔਰਤਾਂ ਖਿਲਾਫ ਅਪਰਾਧ ਬਾਰੇ ਡੀ.ਐਸ.ਪੀ ਨੇ ਤੁਰੰਤ ਕਾਰਵਾਈ ਕੀਤੀ ਅਤੇ ਮਾਮਲਾ ਜ਼ਿਲ੍ਹਾ ਬਾਲ ਸੁਰੱਖਿਆ ਇਕਾਈ ਦੇ ਧਿਆਨ ਵਿੱਚ ਲਿਆਂਦਾ। ਡਾ. ਬਲਜੀਤ ਕੌਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਦੌਰਾਨ ਪਤਾ ਲੱਗਾ ਕਿ ਲੜਕੀ ਦੇ ਮਾਪੇ ਪੜ੍ਹਾਈ ਵਿੱਚ ਦਿਲਚਸਪੀ ਦੀ ਘਾਟ ਅਤੇ ਸਮਾਜਿਕ ਦਬਾਅ ਕਾਰਨ 15 ਸਾਲ ਦੀ ਉਮਰ ਵਿੱਚ ਉਸਦਾ ਵਿਆਹ ਕਰਨਾ ਚਾਹੁੰਦੇ ਸਨ। ਇਸ ਦੌਰਾਨ, ਦੋਵਾਂ ਪਰਿਵਾਰਾਂ ਨੂੰ ਸਪੱਸ਼ਟ ਤੌਰ 'ਤੇ ਸਮਝਾਇਆ ਗਿਆ ਕਿ ਬਾਲ ਵਿਆਹ ਇੱਕ ਗੰਭੀਰ ਅਪਰਾਧ ਏ । ਪੰਚਾਇਤ ਦੇ ਸਰਪੰਚ ਦੀ ਮੌਜੂਦਗੀ ਵਿੱਚ, ਦੋਵਾਂ ਪਰਿਵਾਰਾਂ ਨੇ ਲਿਖਤੀ ਸਹਿਮਤੀ ਦਿੱਤੀ ਕਿ ਉਹ ਇਸ ਵਿਆਹ ਨੂੰ ਰੱਦ ਕਰ ਰਹੇ ਨੇ । ਮੰਤਰੀ ਨੇ ਸਮਾਜ ਸੇਵੀ ਸੰਸਥਾਵਾਂ,

ਪਿੰਡਾਂ ਦੇ ਸਰਪੰਚਾਂ ਤੇ ਪੰਚਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਬਾਲ ਵਿਆਹਾਂ ਦੀ ਤੁਰੰਤ ਹੈਲਪਲਾਈਨ ਨੰਬਰ 1098 'ਤੇ ਰਿਪੋਰਟ ਕਰਨ, ਤਾਂ ਜੋ ਸੂਬੇ ਨੂੰ ਬਾਲ ਵਿਆਹ ਮੁਕਤ ਬਣਾਇਆ ਜਾ ਸਕੇ।

---------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਪੂਰੇ ਸੂਬੇ ਵਿੱਚ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਏ। ਇਸ ਮੁਹਿੰਮ ਤਹਿਤ ਗੁਰਦਾਸਪੁਰ ਦੇ ਜਿਲ੍ਹਾ ਅਤੇ ਸੈਸ਼ਨ ਜੱਜ ਦਿਲਬਾਗ ਸਿੰਘ ਜੌਹਲ ਦੀ ਰਹਿਨੁਮਾਈ ਹੇਠ ਜਿਲ੍ਹਾ ਕਚਹਿਰੀਆਂ ਵਿਚ 'ਇੱਕ ਜੱਜ ਇੱਕ ਰੁੱਖ' ਮੁਹਿੰਮ ਤਹਿਤ ਇੱਕ ਇੱਕ ਬੂਟਾ ਲਗਾਇਆ ਗਿਆ। ਜਿਲ੍ਹਾ ਅਤੇ ਸੈਸ਼ਨ ਜੱਜ ਨੇ ਦੱਸਿਆ ਗਿਆ ਕਿ ਪੂਰੇ ਪੰਜਾਬ ਵਿੱਚ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਏ ਤਾਂ ਜੋ ਅਸੀਂ ਆਪਣੇ ਵਾਤਾਵਰਨ ਨੂੰ ਸੁਰੱਖਿਅਤ ਅਤੇ ਵੱਧ ਤੋਂ ਵੱਧ ਸਾਫ ਸੁਥਰਾ ਰੱਖ ਸਕੀਏ। ਪ੍ਰੋਗਰਾਮ ਦੌਰਾਨ ਬੂਟੇ ਲਗਾਉਣ ਅਹਦ ਵੀ ਲਿਆ ਗਿਆ। ਓਧਰ ਜ਼ਿਲਾ ਕਪੂਰਥਲਾ ਨੂੰ ਹਰਾ-ਭਰਾ ਅਤੇ ਪ੍ਰਦੂਸ਼ਣ ਮੁਕਤ

ਬਣਾਉਣ ਲਈ, ਜ਼ਿਲ੍ਹਾ ਮੈਜਿਸਟ੍ਰੇਟ ਅਮਿਤ ਪੰਚਾਲ ਨੇ ਹਿਊਮਨ ਰਾਈਟਸ ਪ੍ਰੈਸ ਕਲੱਬ ਵੱਲੋਂ 'ਏਕ ਪੇੜ ਮਾਂ ਕੇ ਨਾਮ' ਦੀ ਮੁਹਿੰਮ ਤਹਿਤ ਪਾਰਕ ਵਿਚ ਬੂਟੇ ਲਾਏ ।ਉਨ੍ਹਾਂ ਹੋਰਨਾਂ ਸੰਸਥਾਵਾਂ ਨੂੰ ਵੀ ਵੱਧ ਤੋਂ ਵੱਧ ਬੂਟੇ ਲਾਉਣ ਦੀ ਅਪੀਲ ਕੀਤੀ ।

**BYTE:**

ਸੰਸਥਾ ਦੇ ਮੁਖੀ ਐਡਵੋਕੇਟ ਸੁਕੇਤ ਗੁਪਤਾ ਨੇ ਕਿਹਾ ਕਿ ਸੰਸਥਾ ਨੇ ਇਸ ਵਣ ਮਹੋਤਸਵ ਦੌਰਾਨ ਲਗਭਗ 300 ਬੂਟੇ ਲਗਾਉਣ ਦਾ ਟੀਚਾ ਮਿਥਿਆ ਏ ।

------------------------------------------------------------------

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮੀਰੀ-ਪੀਰੀ ਦਿਵਸ ਮੌਕੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ । ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ

ਗੜਗੱਜ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ । ਉਨ੍ਹਾਂ ਸੰਗਤਾਂ ਨੂੰ ਮੀਰੀ ਪੀਰੀ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਵੱਲੋਂ ਸਿੱਖ ਕੌਮ ਨੂੰ ਮੀਰੀ ਪੀਰੀ ਦੇ ਸਿਧਾਂਤ ਨਾਲ ਜੋੜ ਕੇ ਜੋ ਮਾਰਗ ਦਿਖਾਇਆ ਗਿਆ, ਉਹ ਮਜ-ਲੂਮਾਂ ਦੀ ਰੱਖਿਆ ਕਰਨ ਵਾਲਾ ਏ । ਸਮਾਗਮ ਦੌਰਾਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀਆਂ ਮੀਰੀ ਪੀਰੀ ਦੀਆਂ ਕਿਰਪਾਨਾਂ ਦੇ ਸੰਗਤ ਨੂੰ ਦਰਸ਼ਨ ਵੀ ਕਰਵਾਏ ਗਏ।

---------------------------------------------------------

ਮੁਹਾਲੀ ਦੀ ਜ਼ਿਲ੍ਹਾ ਮੈਜਿਸਟਰੇਟ ਕੋਮਲ ਮਿੱਤਲ ਨੇ ਜ਼ਿਲ੍ਹਾ ਐੱਸ.ਏ.ਐੱਸ ਨਗਰ ਦੀ ਹਦੂਦ ਵਿੱਚ ਵਹਿੰਦੇ ਦਰਿਆਵਾਂ ਨਹਿਰਾਂ ਛੱਪੜਾਂ ਅਤੇ ਟੋਭਿਆਂ ਦੇ ਨੇੜੇ ਜਾਣ,ਨਹਾਉਣ,ਪਸ਼ੂਆਂ ਨੂੰ ਪਾਣੀ ਪਿਆਉਣ ਜਾਂ ਨਹਾਉਣ ਤੇ ਅਗਲੇ ਹੁਕਮਾਂ ਤੱਕ ਪਾਬੰਦੀ ਲਗਾਈ ਜਾਂਦੀ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਸ਼ੂਆਂ ਨੂੰ ਪਾਣੀ ਪਿਆਉਣ

ਜਾਂ ਨਹਾਉਣ ਤੋਂ ਰੋਕਣ ਲਈ ਪਿੰਡਾਂ ਦੇ ਸਰਪੰਚਾਂ ਵੱਲੋਂ ਚੌਕੀਦਾਰਾਂ ਰਾਹੀਂ ਮੁਨਾਦੀ ਕਰਵਾ ਕੇ ਠੀਕਰੀ ਪਹਿਰੇ ਲਗਾਉਣ ਲਈ ਵੀ ਕਿਹਾ ਗਿਆ।

-----------------------------------------------------------

ਕੱਲ੍ਹ ਸ਼ੁਰੂ ਹੋਈ 38 ਦਿਨਾਂ ਦੀ ਸਾਲਾਨਾ ਸ਼੍ਰੀ ਅਮਰਨਾਥ ਯਾਤਰਾ ਪਹਿਲਗਾਮ ਅਤੇ ਬਾਲਤਾਲ ਦੇ ਵੱਖ-ਵੱਖ ਰਸਤਿਆਂ ਰਾਹੀਂ ਸੁਚਾਰੂ ਢੰਗ ਨਾਲ ਚੱਲ ਰਹੀ ਏ। ਅੱਜ ਸਵੇਰੇ ਕਸ਼ਮੀਰ ਖੇਤਰ ਵਿੱਚ ਪਹਿਲਗਾਮ ਅਤੇ ਬਾਲਤਾਲ ਬੇਸ ਕੈਂਪਾਂ ਵੱਲ ਜਾਣ ਵਾਲੇ ਦੋਵਾਂ ਰਸਤਿਆਂ ਤੋਂ 10 ਹਜ਼ਾਰ 700 ਤੋਂ ਵੱਧ ਸ਼ਰਧਾਲੂਆਂ ਨੂੰ, ਪਵਿੱਤਰ ਗੁਫਾ ਤੀਰਥ ਸਥਾਨ ਵੱਲ ਜਾਣ ਦੀ ਇਜਾਜ਼ਤ ਦਿੱਤੀ ਗਈ। ਅੱਜ ਸਵੇਰੇ ਜੰਮੂ ਦੇ ਭਗਵਤੀ ਨਗਰ ਬੇਸ ਕੈਂਪ ਤੋਂ 291 ਵਾਹਨਾਂ ਵਿੱਚ 6 ਹਜ਼ਾਰ ਤੋਂ ਵੱਧ ਸ਼ਰਧਾਲੂਆਂ ਦੇ ਇੱਕ ਨਵੇਂ ਜਥੇ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਸ਼੍ਰੀ ਅਮਰਨਾਥ ਜੀ ਯਾਤਰਾ 'ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਅੱਜ ਰਾਤ ਸਾਢੇ 9 ਵਜੇ, ਆਕਾਸ਼ਵਾਣੀ ਦੇ ਐਫ.ਐਮ ਗੋਲਡ ਚੈਨਲ ਅਤੇ ਵਾਧੂ ਮੀਟਰਾਂ 'ਤੇ ਪ੍ਰਸਾਰਿਤ ਕੀਤਾ ਜਾਵੇਗਾ।

---

ਭਾਰਤ ਦੇ ਗੁਕੇਸ਼ ਡੋਮਾਰਾਜੂ ਨੇ ਕ੍ਰੋਏਸ਼ੀਆ ਦੇ ਜ਼ਾਗਰੇਬ ਵਿੱਚ ਸੁਪਰ ਯੂਨਾਈਟਿਡ ਰੈਪਿਡ ਐਂਡ ਬਲਿਟਜ਼ ਟੂਰਨਾਮੈਂਟ ਵਿੱਚ ਰੈਪਿਡ ਸ਼ਤਰੰਜ ਦਾ ਖਿਤਾਬ ਜਿੱਤਿਆ ਏ। ਇਹ ਟੂਰਨਾਮੈਂਟ ਗ੍ਰੈਂਡ ਸ਼ਤਰੰਜ ਟੂਰ 2025 ਦਾ ਹਿੱਸਾ ਏ। ਵਿਸ਼ਵ ਸ਼ਤਰੰਜ ਚੈਂਪੀਅਨ ਗੁਕੇਸ਼ ਨੇ ਫਾਈਨਲ ਰਾਊਂਡ ਵਿੱਚ ਅਮਰੀਕਾ ਦੇ ਵੇਸਲੇ ਸੋ ਨੂੰ ਹਰਾਇਆ। 19 ਸਾਲਾ ਗੁਕੇਸ਼ 18 ਵਿੱਚੋਂ 14 ਅੰਕ ਹਾਸਲ ਕਰਕੇ ਰੈਪਿਡ ਫਾਰਮੈਟ ਵਿੱਚ ਪਹਿਲੇ ਸਥਾਨ 'ਤੇ ਰਹੇ। ਪੋਲੈਂਡ ਦਾ ਜਾਨ-ਕ੍ਰਿਜ਼ਸਟੋਫ ਡੂਡਾ 11 ਅੰਕਾਂ ਨਾਲ ਦੂਜੇ ਅਤੇ ਸਾਬਕਾ ਵਿਸ਼ਵ ਚੈਂਪੀਅਨ ਅਤੇ ਵਿਸ਼ਵ ਨੰਬਰ ਇੱਕ ਮੈਗਨਸ ਕਾਰਲਸਨ 10 ਅੰਕਾਂ ਨਾਲ ਤੀਜੇ ਸਥਾਨ 'ਤੇ ਰਹੇ । ਟੂਰਨਾਮੈਂਟ ਦਾ ਬਲਿਟਜ਼ ਪੜਾਅ ਅੱਜ ਤੋਂ ਸ਼ੁਰੂ ਹੋਵੇਗਾ ਅਤੇ 6 ਜੁਲਾਈ ਨੂੰ ਖਤਮ ਹੋਵੇਗਾ। ਕੁੱਲ ਜੇਤੂ ਦਾ ਫੈਸਲਾ ਰੈਪਿਡ ਅਤੇ ਬਲਿਟਜ਼ ਦੋਵਾਂ ਫਾਰਮੈਟਾਂ ਤੋਂ ਪ੍ਰਾਪਤ ਕੁੱਲ ਅੰਕਾਂ ਦੇ ਆਧਾਰ 'ਤੇ ਕੀਤਾ ਜਾਵੇਗਾ।

---

ਬਰਮਿੰਘਮ ਵਿਖੇ ਮੇਜ਼ਬਾਨ ਇੰਗਲੈਂਡ ਨਾਲ ਦੂਜੇ ਕ੍ਰਿਕਟ ਟੈਸਟ ਮੈਚ ਦੇ

ਚੌਥੇ ਦਿਨ, ਭਾਰਤ ਅੱਜ ਦੂਜੀ ਪਾਰੀ ਇੱਕ ਵਿਕਟ 'ਤੇ 64 ਦੌੜਾਂ 'ਤੇ ਅੱਗੇ ਖੇਡੇਗਾ। ਪਹਿਲੀ ਪਾਰੀ ਦੇ ਆਧਾਰ 'ਤੇ, ਭਾਰਤ ਦੀ ਕੁੱਲ ਲੀਡ 244 ਦੌੜਾਂ ਹੋ ਗਈ ਏ । ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਸਾਢੇ 3 ਵਜੇ ਸ਼ੁਰੂ ਹੋਵੇਗਾ।

----------------------------------------------------

ਅੰਮ੍ਰਿਤਸਰ ਦੀ ਥਾਣਾ ਘਰਿੰਡਾ ਪੁਲਿਸ ਨੇ ਵੱਖ-ਵੱਖ ਮਾਮਲਿਆ ਵਿੱਚ ਇਕ ਕਿੱਲੋ 262 ਗ੍ਰਾਮ ਹੈਰੋਇੰਨ ਅਤੇ ਇੱਕ ਮੋਟਰ ਸਾਈਕਲ ਬਰਾਮਦ ਕੀਤਾ ਏ । DSP ਲਖਵਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਘਰਿੰਡਾ ਪੁਲਿਸ ਵੱਲੋ ਗਸ਼ਤ ਦੌਰਾਨ ਇਕ ਮੋਟਰ ਸਾਈਕਲ ਸਵਾਰ ਨੌਜਵਾਨ, ਪੁਲਿਸ ਨੂੰ ਦੇਖ ਕੇ ਮੋਟਰ ਸਾਈਕਲ ਛੱਡ ਕੇ ਮੌਕੇ ਤੋ ਫਰਾਰ ਹੋ ਗਿਆ । ਤਲਾਸ਼ੀ ਦੌਰਾਨ 700 ਗ੍ਰਾਮ ਹੈਰੋਇੰਨ ਬ੍ਰਾਮਦ ਹੋਈ । ਮੋਟਰ ਸਾਈਕਲ ਸਵਾਰ ਦਾ ਨਾਮ ਬਾਸਰਕੇ ਭੈਣੀ ਵਾਸੀ ਜੈ ਵਿਜੇ ਏ । ਮੁਲਜ਼ਮ ਦੀ ਭਾਲ ਜਾਰੀ ਏ । ਇੱਕ ਹੋਰ ਮਾਮਲੇ ਵਿੱਚ ਪਿੰਡ ਭੈਣੀ ਰਾਜਪੂਤਾ ਦੇ ਵਿਖੇ ਡਰੇਨ ਨੇੜੇ ਇਕ ਪੈਕਟ ਮਿਲਣ ਦੀ ਸੂਚਨਾ ਮਿਲੀ

ਜਿਸ ਤੇ ਪੁਲਿਸ ਨੇ ਮੌਕੇ ਤੇ ਪੁਹੰਚ ਕੇ 562 ਗ੍ਰਾਮ ਹੈਰੋਇੰਨ ਬ੍ਰਾਮਦ ਕੀਤੀ।

------------------------------------------------------------

ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਚ ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟੋਰੇਟ ਅਤੇ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਾਲ ਭਿੱਖਿਆ ਦੀ ਸਮੱਸਿਆ ਨੂੰ ਜੜ੍ਹੋਂ ਮਿਟਾਉਣ ਲਈ ਵੱਖ-ਵੱਖ ਥਾਵਾਂ ‘ਤੇ ਚੈਕਿੰਗ ਕੀਤੀ ਗਈ। ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੇ ਰੇਲਵੇ ਸਟੇਸ਼ਨ, ਬੱਸ ਅੱਡੇ, ਸਬਜੀ ਮੰਡੀ, ਸਿਵਲ ਹਸਪਤਾਲ ਅਤੇ ਹੋਰ ਵੱਖ-ਵੱਖ ਥਾਵਾਂ ’ਤੇ ਬਾਲ ਭਿੱਖਿਆ ਰੋਕਣ ਲਈ ਚੈਕਿੰਗ ਕੀਤੀ ਅਤੇ 2 ਬੱਚੇ ਭੀਖ ਮੰਗਦੇ ਪਾਏ ਗਏ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਡਾ. ਸ਼ਿਵਾਨੀ ਨਾਗਪਾਲ ਨੇ ਬੱਚਿਆਂ ਦੇ ਮਾਤਾ–ਪਿਤਾ ਨੂੰ ਦਫ਼ਤਰ ਵਿਖੇ ਬੁਲਾ ਕੇ ਉਹਨਾਂ ਨੂੰ ਸਮਝਾਇਆ ਗਿਆ ਬੱਚਿਆਂ ਨੂੰ ਭੀਖ ਦੇਣ ਦੀ ਬਜਾਏ ਉਹਨਾਂ ਨੂੰ ਸਿੱਖਿਆ ਨਾਲ ਜੋੜਨਾ ਚਾਹੀਦਾ ਏ ।